# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 04-04-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਸਾਰੀਆਂ ਤੇਲ ਮਾਰਕੀਟਿੰਗ ਕੰਪਨੀਆਂ ਨੇ ਪੰਜਾਬ, ਚੰਡੀਗੜ੍ਹ ,ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਲੋਕਾਂ ਨੂੰ ਭਰੋਸਾ ਦਿਵਾਇਆ -ਪੈਟਰੋਲੀਅਮ ਉਤਪਾਦਾਂ ਅਤੇ LPG ਦੀ ਸਪਲਾਈ ਸਥਿਰ ਅਤੇ ਮੌਜੂਦਾ ਮੰਗ ਨੂੰ ਪੂਰਾ ਕਰਨ ਲਈ ਕਾਫ਼ੀ ਏ।

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਕਿਹਾ ਵਿਸ਼ੇਸ਼ ਤੀਬਰ ਸੋਧ ਲਈ ਪੰਜਾਬ ਪੂਰੀ ਤਰ੍ਹਾਂ ਤਿਆਰ।

- ਕੇਂਦਰ ਨੇ ਸਪੱਸ਼ਟ ਕੀਤਾ -ਪਟਿਆਲਾ ਸਮੇਤ ਪੰਜਾਬ ਵਿੱਚ ਇਸ ਵੇਲੇ ਪ੍ਰਮਾਣੂ ਊਰਜਾ ਪਲਾਂਟ ਸਥਾਪਤ ਕਰਨ ਦੀ ਕੋਈ ਤਜਵੀਜ਼ ਨਹੀਂ।

- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਣਕ ਖ਼ਰੀਦ ਦੇ ਮੱਦੇਨਜ਼ਰ, ਪ੍ਰਬੰਧਾਂ ਦੀ ਸਮੀਖਿਆ ਕੀਤੀ-ਕਿਸਾਨਾਂ ਨੂੰ ਖ਼ਰੀਦ ਦੇ 24 ਘੰਟਿਆਂ ਅੰਦਰ ਅਦਾਇਗੀ ਪ੍ਰਾਪਤ ਹੋਣ ਦਾ ਭਰੋਸਾ ਦਿੱਤਾ ।

- ਮੌਸਮ ਵਿਭਾਗ ਵਲੋਂ ਪੰਜਾਬ 'ਚ ਜਾਰੀ ਓਰੇਂਜ ਅਲਰਟ ਦੇ ਚਲਦਿਆ ਜਲੰਧਰ ਸਮੇਤ ਕਈ ਥਾਈਂ ਗਰਜ ਨਾਲ ਹਲਕੀ ਵਰਖਾ ਤੇ ਗੜੇ ਪਏ ।

- ਭਾਰਤੀ ਤੀਰਅੰਦਾਜ਼ ਸ਼ਿਆਮ ਸੁੰਦਰ ਸਵਾਮੀ ਨੇ ਬੈਂਕਾਕ ਵਿਖੇ ਵਿਸ਼ਵ ਤੀਰਅੰਦਾਜ਼ੀ ਪੈਰਾ ਸੀਰੀਜ਼ ਵਿੱਚ ਕਾਂਸੀ ਦਾ ਤਮਗਾ ਜਿੱਤਿਆ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਸਾਰੀਆਂ ਤੇਲ ਮਾਰਕੀਟਿੰਗ ਕੰਪਨੀਆਂ ਨੇ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਅਤੇ ਜੰਮੂ-ਕਸ਼ਮੀਰ ਵਿੱਚ ਲੋਕਾਂ ਨੂੰ ਭਰੋਸਾ ਦਿਵਾਇਆ ਏ ਕਿ ਪੈਟਰੋਲੀਅਮ ਉਤਪਾਦਾਂ ਅਤੇ LPG ਦੀ ਸਪਲਾਈ ਸਥਿਰ ਅਤੇ ਮੌਜੂਦਾ ਮੰਗ ਨੂੰ ਪੂਰਾ ਕਰਨ ਲਈ ਕਾਫ਼ੀ ਏ। ਤੇਲ ਮਾਰਕੀਟਿੰਗ ਕੰਪਨੀਆਂ ਸਥਿਤੀ 'ਤੇ

ਨੇੜਿਓਂ ਨਜ਼ਰ ਰੱਖ ਰਹੀਆਂ ਨੇ ਅਤੇ ਸਪਲਾਈ ਲੌਜਿਸਟਿਕਸ ਨੂੰ ਸੁਚਾਰੂ ਬਣਾਉਣ ਅਤੇ ਵੰਡ  ਨੂੰ ਤੇਜ਼ ਕਰਨ ਲਈ ਜ਼ਰੂਰੀ ਕਦਮ ਚੁੱਕੇ ਹਨ। ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਪੰਜਾਬ ਵਿੱਚ ਤੇਲ ਉਦਯੋਗ ਲਈ ਰਾਜ ਪੱਧਰੀ ਕੋਆਰਡੀਨੇਟਰ, ਆਸ਼ੂਤੋਸ਼ ਗੁਪਤਾ ਨੇ ਆਕਾਸ਼ਵਾਣੀ ਜਲੰਧਰ ਪੱਤਰਕਾਰ ਨੂੰ ਦੱਸਿਆ  ਕਿ ਰਾਜਾਂ ਵਿੱਚ ਪੈਟਰੋਲੀਅਮ ਉਤਪਾਦਾਂ ਅਤੇ ਐਲਪੀਜੀ ਦੀ ਭੰਡਾਰ  ਸਥਿਤੀ ਆਮ ਵਾਂਗ ਏ ।

BYTE

ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਕੁਝ ਸੂਬਿਆਂ ਵਿੱਚ ਰਹਿ ਰਹੇ ਪ੍ਰਵਾਸੀ ਮਜ਼ਦੂਰਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਉਹ ਬਿਨਾਂ ਬੁਕਿੰਗ ਕੀਤੇ ਕਿਸੇ ਵੀ ਨੇੜਲੇ ਵਿਤਰਕ ਤੋਂ 5 ਲੀਟਰ ਸਿਲੰਡਰ ਵੀ ਪ੍ਰਾਪਤ ਕਰ ਸਕਦੇ ਨੇ ।

BYTE

ਉਨ੍ਹਾਂ ਖਪਤਕਾਰਾਂ ਨੂੰ ਘਬਰਾਹਟ ਵਿੱਚ ਖਰੀਦਦਾਰੀ ਕਰਨ ਤੋਂ ਬਚਣ ਦੀ ਸਲਾਹ ਦਿੱਤੀ ਏ । ਉਨ੍ਹਾਂ ਨੇ ਐਲਪੀਜੀ ਖਪਤਕਾਰਾਂ ਨੂੰ ਬੇਨਤੀ ਕੀਤੀ ਕਿ ਉਹ ਡਿਜੀਟਲ ਮਾਧਿਅਮਾਂ ਰਾਹੀਂ ਹੀ ਸਿਲੰਡਰ ਬੁੱਕ ਕਰਨ ਕਿਉਂਕਿ ਇਹ ਇੱਕ ਸੁਚਾਰੂ, ਪਾਰਦਰਸ਼ੀ ਅਤੇ

ਮੁਸ਼ਕਲ ਰਹਿਤ ਡਿਲੀਵਰੀ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਵਿੱਚ ਮਦਦ ਕਰੇਗਾ, ਜਿਸ ਨਾਲ ਅਸਲ ਗਾਹਕਾਂ ਨੂੰ ਸਮੇਂ ਸਿਰ ਸੇਵਾ ਮਿਲ ਸਕੇਗੀ।

-------------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਕਿਹਾ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ SIR ਲਈ ਪੂਰੀ ਤਿਆਰੀ ਏ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ SIR ਅਭਿਆਸ ਲਈ ਤੈਅ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਪਹਿਲਾਂ ਸਾਰੀਆਂ ਸ਼ੁਰੂਆਤੀ ਗਤੀਵਿਧੀਆਂ ਇੱਕ ਢਾਂਚਾਗਤ ਅਤੇ ਸਮਾਂਬੱਧ ਢੰਗ ਨਾਲ ਕੀਤੀਆਂ ਜਾ ਰਹੀਆਂ ਨੇ। ਹੁਣ ਤੱਕ ਦੀ ਪ੍ਰਗਤੀ ਬਾਰੇ ਉਨ੍ਹਾਂ ਨੇ ਦੱਸਿਆ ਕਿ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਇੱਕ ਵਿਆਪਕ ਪ੍ਰੀ-SIR ਮੈਪਿੰਗ ਅਭਿਆਸ ਕੀਤਾ ਗਿਆ ਏ। 4 ਅਪ੍ਰੈਲ ਨੂੰ ਸਵੇਰੇ 8 ਵਜੇ ਤੱਕ ਦੇ ਤਾਜ਼ਾ ਅੰਕੜਿਆਂ ਅਨੁਸਾਰ, ਪੰਜਾਬ ਵਿੱਚ 74.27 ਫ਼ੀਸਦ ਵੋਟਰਾਂ ਦੀ ਵਿਸ਼ੇਸ਼ ਤੀਬਰ ਸੋਧ ਰਿਕਾਰਡਾਂ ਨਾਲ ਮੈਪਿੰਗ ਕੀਤੀ ਗਈ ਏ। ਸੂਬੇ ਭਰ ਵਿੱਚ 1 ਕਰੋੜ 59 ਲਖ 36 ਹਜ਼ਾਰ 941 ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਏ। SIR ਤੋਂ ਪਹਿਲਾਂ ਦੇ ਅਭਿਆਸ ਨੂੰ ਸਮੇਂ ਸਿਰ ਅਤੇ ਸੁਚੱਜੇ ਢੰਗ ਨਾਲ ਮੁਕੰਮਲ ਕਰਨਾ ਯਕੀਨੀ ਬਣਾਉਣ ਲਈ, ਸਦਰਮੁਕਾਮ ਪੱਧਰ 'ਤੇ ਚੋਣ

ਰਜਿਸਟ੍ਰੇਸ਼ਨ ਅਧਿਕਾਰੀਆਂ ਵਲੋਂ ਕੀਤੀ ਗਈ ਪ੍ਰਗਤੀ ਦੀ ਰੋਜ਼ਾਨਾ ਨਿਗਰਾਨੀ ਕੀਤੀ ਜਾ ਰਹੀ ਏ ।

---

ਕੇਂਦਰ ਨੇ ਸਪੱਸ਼ਟ ਕੀਤਾ ਏ ਕਿ ਪਟਿਆਲਾ ਸਮੇਤ ਪੰਜਾਬ ਵਿੱਚ ਇਸ ਵੇਲੇ ਪ੍ਰਮਾਣੂ ਊਰਜਾ ਪਲਾਂਟ ਸਥਾਪਤ ਕਰਨ ਦੀ ਕੋਈ ਤਜਵੀਜ਼ ਨਹੀਂ ਏ ਅਤੇ ਹੁਣ ਤੱਕ ਸੂਬੇ ਵਿੱਚ ਕਿਸੇ ਵੀ ਥਾਂ ਦਾ ਮੁਲਾਂਕਣ ਨਹੀਂ ਕੀਤਾ ਜਾ ਰਿਹਾ ਏ । ਪ੍ਰਧਾਨ ਮੰਤਰੀ ਦਫ਼ਤਰ ਵਿੱਚ ਕੇਂਦਰੀ ਰਾਜ ਮੰਤਰੀ, ਜੋ ਪ੍ਰਮਾਣੂ ਊਰਜਾ ਵੀ ਦੇਖਦੇ ਨੇ, ਜਿਤੇਂਦਰ ਸਿੰਘ ਨੇ ਰਾਜ ਸਭਾ ਵਿੱਚ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਵਲੋਂ ਪੁੱਛੇ ਇਕ ਸਵਾਲ ਦੇ ਲਿਖਤੀ ਜਵਾਬ ਵਿੱਚ ਇਹ ਜਾਣਕਾਰੀ ਦਿਤੀ । ਹਾਲਾਂਕਿ, ਮੰਤਰੀ ਨੇ ਜਵਾਬ ਦਿੱਤਾ ਕਿ ਸਾਲ 2000 ਦੇ ਦਹਾਕੇ ਦੀ ਸ਼ੁਰੂਆਤ ਵਿੱਚ ਪਟਿਆਲਾ ਜ਼ਿਲ੍ਹੇ ਦੇ ਪਾਤੜਾਂ ਵਿਖੇ ਇੱਕ ਥਾਂ ਦਾ ਮੁਲਾਂਕਣ ਕੀਤਾ ਗਿਆ ਸੀ ਅਤੇ ਇਸ ਵਿੱਚ 4x700 ਮੈਗਾਵਾਟ ਦੀ ਸਮਰੱਥਾ ਵਾਲੇ ਪ੍ਰਮਾਣੂ ਊਰਜਾ ਸਟੇਸ਼ਨ ਲਈ ਸੰਭਾਵਨਾ ਪਾਈ ਗਈ ਸੀ। ਪਰ ਸੂਬਾ ਸਰਕਾਰ ਨੇ ਸਾਲ 2007 ਵਿੱਚ ਸਟੇਸ਼ਨ ਸਥਾਪਤ ਕਰਨ ਲਈ ਕੋਈ ਨੀਤੀਗਤ ਫੈਸਲਾ ਨਹੀਂ ਲਿਆ ਸੀ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਉਹੀ ਸਥਾਨ ਜਾਂ ਇੱਕ ਵਿਕਲਪਿਕ ਸਥਾਨ ਦੀ

ਪੇਸ਼ਕਸ਼ ਕਰਦੀ ਏ  ਤਾਂ ਪ੍ਰਮਾਣੂ ਊਰਜਾ ਵਿਭਾਗ ਦੀ ਸਥਾਈ ਸਥਾਨ, ਚੋਣ ਕਮੇਟੀ, ਇਸਦੀ ਸੰਭਾਵਨਾ ਦਾ ਮੁਲਾਂਕਣ ਕਰੇਗੀ। ਮੰਤਰੀ ਨੇ ਇਹ ਵੀ ਦੱਸਿਆ ਕਿ ਪਰਮਾਣੂ ਊਰਜਾ ਵਿਭਾਗ ਦੇ ਅਧੀਨ ਇੱਕ ਜਨਤਕ ਖੇਤਰ ਦਾ ਅਦਾਰਾ ਦੇਸ਼ ਭਰ ਵਿੱਚ ਵੱਖ-ਵੱਖ ਸਾਧਨਾਂ ਰਾਹੀਂ ਇੱਕ ਢਾਂਚਾਗਤ ਜਨਤਕ ਜਾਗਰੂਕਤਾ ਪ੍ਰੋਗਰਾਮ ਚਲਾ ਰਿਹਾ ਏ , ਤਾਂ ਜੋ ਪ੍ਰਮਾਣੂ ਊਰਜਾ ਬਾਰੇ ਜਾਗਰੂਕਤਾ ਨੂੰ ਭਰੋਸੇਯੋਗ ਢੰਗ ਨਾਲ ਉਤਸ਼ਾਹਿਤ ਕੀਤਾ ਜਾ ਸਕੇ।

---------------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ  ਕਿਹਾ ਕਿ ਸਰਕਾਰ ਸੂਬੇ ਵਿੱਚ ਆਉਣ ਵਾਲੇ ਕਣਕ ਦੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦੀ ਫ਼ਸਲ ਦੀ ਖ਼ਰੀਦ ਲਈ ਵਚਨਬੱਧ ਏ । ਕੈਬਨਿਟ ਮੰਤਰੀ ਨੇ ਅੱਜ ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਸ਼ਹੀਦ ਭਗਤ ਸਿੰਘ ਨਗਰ, ਰੂਪਨਗਰ ਅਤੇ ਲੁਧਿਆਣਾ ਜ਼ਿਲ੍ਹਿਆਂ ਦੇ ਸੀਨੀਅਰ ਅਧਿਕਾਰੀਆਂ, ਟਰਾਂਸਪੋਰਟਰਾਂ ਅਤੇ ਲੇਬਰ ਠੇਕੇਦਾਰਾਂ ਨਾਲ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ

ਸਰਕਾਰ ਵੱਲੋਂ ਸੀਜ਼ਨ ਦੌਰਾਨ 8 ਲੱਖ ਤੋਂ ਵੱਧ ਕਿਸਾਨਾਂ ਦੀ ਸਹੂਲਤ ਲਈ ਪਹਿਲਾਂ ਹੀ ਵਿਆਪਕ ਤਿਆਰੀਆਂ ਕੀਤੀਆਂ ਜਾ ਚੁੱਕੀਆਂ ਨੇ। ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਇਸ ਸਾਲ 122 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਰੱਖਿਆ ਗਿਆ ਏ। ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 1,897 ਖ਼ਰੀਦ ਕੇਂਦਰ ਸਥਾਪਤ ਕੀਤੇ ਗਏ ਨੇ। ਫ਼ਸਲ ਨੂੰ ਧਿਆਨ ਵਿੱਚ ਰੱਖਦਿਆਂ ਕਈ ਅਸਥਾਈ ਖ਼ਰੀਦ ਕੇਂਦਰ ਵੀ ਸਥਾਪਤ ਕੀਤੇ ਗਏ ਹਨ। ਸ਼੍ਰੀ ਕਟਾਰੂਚੱਕ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਫ਼ਸਲ ਦੀ ਖ਼ਰੀਦ ਦੇ 24 ਘੰਟਿਆਂ ਦੇ ਅੰਦਰ ਉਨ੍ਹਾਂ ਨੂੰ ਅਦਾਇਗੀ ਪ੍ਰਾਪਤ ਹੋ ਜਾਵੇਗੀ।

---

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਅੱਜ ਬਠਿੰਡਾ ਜ਼ਿਲੇ ਦੇ ਪਿੰਡ ਘੁੱਦਾ ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਚੇਅਰਮੈਨ ਨੇ ਕਿਹਾ ਕਿ ਉਨ੍ਹਾਂ ਦੀ ਫੇਰੀ ਦਾ ਮੁੱਖ ਉਦੇਸ਼ ਲੋਕਾਂ ਨੂੰ ਭਾਰਤੀ ਸੰਵਿਧਾਨ ਦੇ ਪਿਤਾਮਾ

ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਅਤੇ ਸੰਘਰਸ਼ਾਂ ਤੋਂ ਜਾਣੂ ਕਰਵਾਉਣਾ ਸੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਮਿਸ਼ਨ ਦੇ ਕੰਮਕਾਜ, ਭਾਰਤੀ ਸੰਵਿਧਾਨ ਅਤੇ ਦੇਸ਼ ਦੇ ਕਾਨੂੰਨਾਂ ਤਹਿਤ ਗਰੀਬਾਂ, ਅਨੁਸੂਚਿਤ ਜਾਤੀਆਂ ਅਤੇ ਪੱਛੜੇ ਵਰਗਾਂ ਲਈ ਅਧਿਕਾਰਾਂ, ਹੱਕਾਂ ਅਤੇ ਸਮਾਜਿਕ ਸੁਰੱਖਿਆ ਪ੍ਰਬੰਧਾਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਨਾਲ ਬੇਇਨਸਾਫ਼ੀ ਦੀ ਕੋਈ ਘਟਨਾ ਸਾਹਮਣੇ ਆਉਂਦੀ ਏ, ਤਾਂ ਉਹ ਨਿੱਜੀ ਤੌਰ 'ਤੇ ਪਹੁੰਚ ਕਿ ਇਸਦਾ ਹੱਲ ਕਰਦੇ ਨੇ ।

---------------------------------------------------------------------------

ਪੰਜਾਬ ਦੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿੱਚ ਸਾਰੇ ਜੇਲ੍ਹ ਸੁਪਰਡੈਂਟਾਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਜੇਲ੍ਹ ਮੰਤਰੀ ਨੂੰ ਵਿਭਾਗ ਦੀ ਸਮੁੱਚੀ ਕਾਰਗੁਜ਼ਾਰੀ ਅਤੇ ਅਹਿਮ ਪਹਿਲਕਦਮੀਆਂ ਬਾਰੇ ਜਾਣੂ ਕਰਵਾਇਆ ਗਿਆ । ਮੰਤਰੀ ਨੇ ਜੇਲ੍ਹ ਸੁਪਰਡੈਂਟਾਂ ਵੱਲੋਂ ਉਠਾਏ ਗਏ ਮੁੱਦਿਆਂ ਨੂੰ ਵੀ ਧਿਆਨ ਨਾਲ ਸੁਣਿਆ, ਜਿਨ੍ਹਾਂ ਵਿੱਚ ਅਮਲੇ ਦੀ ਘਾਟ ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਦੀ ਕਾਰਗੁਜ਼ਾਰੀ, ਜੇਲ੍ਹਾਂ ਵਿੱਚ ਪਖਾਨਿਆਂ ਅਤੇ

ਰਿਹਾਇਸ਼ੀ ਕਾਲੋਨੀਆਂ ਦੀ ਮੁਰੰਮਤ ਵਰਗੀਆਂ ਚਿੰਤਾਵਾਂ ਸ਼ਾਮਲ ਸਨ। ਜੇਲ੍ਹ ਮੰਤਰੀ ਨੂੰ ਚੱਲ ਰਹੇ ਅਤੇ ਭਵਿੱਖ 'ਚ ਆਉਣ ਵਾਲੇ ਢਾਂਚਾਗਤ ਪ੍ਰੋਜੈਕਟਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ, ਜਿਨ੍ਹਾਂ ਵਿੱਚ ਲੁਧਿਆਣਾ ਵਿੱਚ ਹਾਈ ਸਕਿਉਰਟੀ ਜੇਲ੍ਹ ਦੀ ਉਸਾਰੀ ਅਤੇ ਪਟਿਆਲਾ ਵਿੱਚ ਮਹਿਲਾ ਓਪਨ ਜੇਲ੍ਹ ਦੀ ਸਥਾਪਨਾ ਦੀ ਤਜਵੀਜ਼ ਸ਼ਾਮਲ ਏ। ਜੇਲ੍ਹ ਮੰਤਰੀ ਨੇ ਦੋਵੇਂ ਪ੍ਰੋਜੈਕਟਾਂ ਦੇ ਕੰਮ ਨੂੰ ਜਲਦੀ ਪੂਰਾ ਕਰਨ 'ਤੇ ਜ਼ੋਰ ਦਿੱਤਾ ਤਾਂ ਜੋ ਇਹ ਜਲਦ ਤੋਂ ਜਲਦ ਸ਼ੁਰੂ ਕੀਤੇ ਜਾ ਸਕਣ। ਇਸ ਮੀਟਿੰਗ ਵਿੱਚ ਸਾਰੇ ਜੇਲ੍ਹ ਸੁਪਰਡੈਂਟ ਅਤੇ ਜੇਲ੍ਹ ਮੁੱਖ ਦਫ਼ਤਰ ਦੇ ਅਧਿਕਾਰੀ ਮੌਜੂਦ ਰਹੇ।

---------------------------------------------------------------------------------------

ਅਧਿਕਾਰ ਕਮਿਸ਼ਨ ਦੀ ਰਹਿਨੁਮਾਈ 'ਚ ਪੰਜਾਬ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਅੱਜ ਇਕ ਕੋਰ ਗਰੁੱਪ ਦੀ ਸ਼ੁਰੂਆਤ ਕੀਤੀ ਗਈ। ਪੰਜਾਬ ਦੇ 23 ਜਿਲ੍ਹਿਆਂ ਅਤੇ ਚੰਡੀਗੜ੍ਹ ਦੇ ਇਹਨਾਂ 24 ਕੋਰ ਗਰੁੱਪਾਂ ਦੇ ਕੋਈ 300 ਮੈਂਬਰਾਂ ਨੂੰ ਇਕ ਮਿਲਣੀ ਕਰਵਾ ਕੇ ਕਮਿਸ਼ਨ ਦੇ ਕੰਮ ਅਤੇ ਜ਼ਿੰਮੇਵਾਰੀਆਂ ਬਾਰੇ ਜਾਣੂ ਕਰਵਾਇਆ  ਗਿਆ। ਚੰਡੀਗੜ੍ਹ ਦੇ ਪੰਜਾਬ ਮਿਉਂਸਪਲ ਭਵਨ ਵਿਖੇ ਆਯੋਜਿਤ ਇਸ ਸਮਾਰੋਹ ਵਿੱਚ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਜੱਜ ਜਸਟਿਸ ਨਮਿਤ ਕੁਮਾਰ ਅਤੇ

ਜਸਟਿਸ ਹਰਕੇਸ਼ ਮਨੂਜਾ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ, ਚੰਡੀਗੜ੍ਹ ਦੇ ਡੀਜੀਪੀ ਡਾ ਸਾਗਰ ਪ੍ਰੀਤ ਹੁੱਡਾ, ਪੰਜਾਬ ਤੇ ਚੰਡੀਗੜ੍ਹ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਜਸਟਿਸ ਸੰਤ ਪ੍ਰਕਾਸ਼ ਸਮੇਤ ਕਈ ਪਤਵੰਤੇ ਮੌਜੂਦ ਰਹੇ । ਇਸ ਮੌਕੇ ਪੰਜਾਬ ਤੇ ਚੰਡੀਗੜ੍ਹ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਸਟਿਸ ਗੁਰਵੀਰ ਸਿੰਘ ਨੇ ਦੱਸਿਆ

BYTE

ਜਲੰਧਰ, ਕਪੂਰਥਲਾ , ਫਤਿਹਗੜ੍ਹ ਸਾਹਿਬ, ਅੰਮ੍ਰਿਤਸਰ ਸੰਗਰੂਰ, ਮਾਨਸਾ ਤੋਂ ਆਏ, ਨਵੇਂ ਬਣੇ ਕੋਰ ਗਰੁੱਪ ਮੈਂਬਰਾਂ ਖਾਸਕਰ ਮਹਿਲਾਵਾਂ ਨੇ ਵੀ ਇਸਨੂੰ ਲਾਭਦਾਇਕ ਦਸਿਆ ।

---------------------------------------------------------------------------

ਭਾਖੜਾ ਬਿਆਸ ਪ੍ਰਬੰਧ ਬੋਰਡ BBMB ਵੱਲੋਂ ਤਲਵਾੜਾ ਵਿਖੇ ਕੱਲ 5 ਅਪ੍ਰੈਲ ਨੂੰ ਸਲਾਨਾ ਰੈਡ ਕ੍ਰਾਸ ਮੇਲਾ ਲਗਾਇਆ ਜਾ ਰਿਹਾ ਹੈ। BBMB ਰੈਡਕ੍ਰਾਸ ਸੰਸਥਾ ਦੇ ਚੇਅਰਪਰਸਨ ਸੀਮਾ ਗੁਪਤਾ ਨੇ ਦੱਸਿਆ ਕਿ ਮੇਲੇ ਦੌਰਾਨ ਭਾਰਤ ਦੇ ਵੱਖ ਵੱਖ ਖਾਣਿਆਂ ਦੇ ਸਟਾਲ ਤੋਂ ਇਲਾਵਾ ਸਿਲਾਈ ਕਢਾਈ ਤੇ ਬੁਣਾਈ ਦੇ ਸਟਾਲ ਅਤੇ ਸਿਹਤ ਦੇਖ ਭਾਲ ਸਬੰਧੀ ਸਟਾਲ ਲਗਾਏ ਜਾਣ ਗਏ । ਓਹਨਾ ਕਿਹਾ ਕਿ ਇਸ ਮੇਲੇ ਤੋਂ ਜੋ ਆਮਦਨ ਹੋਏਗੀ ਉਸ ਨੂੰ ਪਹਿਲਾਂ

ਵਾਂਗ ਹੀ ਗਰੀਬ, ਬੇਸਹਾਰਾ, ਲੋੜਵੰਦ ਅਤੇ ਮਰੀਜਾਂ ਦੀ ਮਦਦ ਲਈ ਵਰਤਿਆ ਜਾਵੇਗਾ । ਬੀਬੀਐਮਬੀ ਦੇ ਮੁੱਖ ਇੰਜਨੀਅਰ ਰਾਕੇਸ਼ ਗੁਪਤਾ ਨੇ ਸਮੂਹ ਇਲਾਕਾ ਵਾਸੀਆਂ ਨੂੰ ਇਸ ਮੇਲੇ ਵਿਚ ਸ਼ਿਰਕਤ ਕਰਕੇ ਆਪਣੀ ਮੈਡੀਕਲ ਜਾਂਚ ਕਰਵਾ ਕਿ ਸਿਹਤ ਬਾਰੇ ਜਾਗਰੂਕ ਹੋਣ ਦਾ ਸੱਦਾ ਦਿੱਤਾ।

---------------------------------------------------------------------------

ਭਾਰਤੀ ਜਨਤਾ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਅੱਜ ਗੁਰਦਾਸਪੁਰ ਚ BJP ਦੇ ਅਹੁਦੇਦਾਰਾਂ ਤੇ ਵਰਕਰਾਂ ਦੇ ਇੱਕ ਰੋਜ਼ਾ ਜ਼ਿਲਾ ਪੱਧਰੀ ਸਿਖਲਾਈ ਕੈਂਪ ਵਿੱਚ ਸ਼ਿਰਕਤ ਕੀਤੀ। ਉਹਨਾਂ ਇੱਕ ਪ੍ਰਦਰਸ਼ਨੀ ਦਾ ਵੀ ਉਦਘਾਟਨ ਕੀਤਾ, ਜਿਸ ਵਿੱਚ ਭਾਰਤੀ ਜਨਤਾ ਪਾਰਟੀ ਨਾਲ ਸੰਬੰਧਿਤ ਸਮਗਰੀ ਦਰਸਾ਼ਈ ਗਈ ਸੀ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਵਰਕਰਾਂ ਨੂੰ ਪਾਰਟੀ ਦਾ ਉਦੇਸ਼ ਅਤੇ ਨੀਤੀਆਂ ਘਰ ਘਰ ਪਹੁੰਚਾਉਣ ਵਿੱਚ ਇਹ ਸਿਖਲਾਈ ਕੈਂਪ ਸਹਾਈ ਸਾਬਤ ਹੋਏਗਾ। ਵਰਕਰਾਂ ਨੂੰ ਇਸ ਕੈਂਪ ਵਿੱਚ ਕੇਂਦਰ ਸਰਕਾਰ ਵੱਲੋਂ ਚਲਾਈਆ ਜਾ ਰਹੀਆਂ ਵੱਖ-ਵੱਖ ਸਕੀਮਾਂ ਦੀ ਜਾਣਕਾਰੀ ਦਿੱਤੀ ਜਾਏਗੀ ਤਾਂ ਜੋ ਉਹ ਇਹਨਾਂ ਤੋਂ ਲੋਕਾਂ ਨੂੰ ਵੀ ਜਾਣੂ ਕਰਵਾ ਸਕਣ ।

--------------------------------------------------------------------------------

ਪੰਜਾਬ ਸਰਕਾਰ ਨੇ 'ਬਕਾਇਆ ਰਾਸ਼ੀ ਦੀ ਵਸੂਲੀ ਲਈ ਪੰਜਾਬ ਯਕਮੁਸ਼ਤ ਨਿਪਟਾਰਾ ਸਕੀਮ 2025' ਵਿੱਚ ਦੋ ਮਹੀਨੇ ਦੇ ਵਾਧੇ ਦਾ ਅਧਿਕਾਰਤ ਐਲਾਨ ਕੀਤਾ ਏ । ਪਹਿਲਾਂ ਇਸਦੀ ਆਖਰੀ ਤਰੀਕ 31 ਮਾਰਚ 2026 ਤੈਅ ਕੀਤੀ ਗਈ ਸੀ, ਪਰ ਹੁਣ ਅਰਜ਼ੀਆਂ ਜਮ੍ਹਾਂ ਕਰਨ ਦੀ ਆਖਰੀ ਤਰੀਕ ਵਧਾ ਕੇ 31 ਮਈ ਕਰ ਦਿੱਤੀ ਗਈ ਏ । ਅੱਜ ਚੰਡੀਗੜ੍ਹ ਚ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਵਾਧਾ ਯੋਗ ਟੈਕਸ ਦੇਣ ਵਾਲਿਆਂ ਨੂੰ ਆਪਣੇ ਬਕਾਏ ਨਿਪਟਾਉਣ ਅਤੇ ਵੱਡੀ ਵਿੱਤੀ ਰਾਹਤ ਪ੍ਰਾਪਤ ਕਰਨ ਦਾ ਇੱਕ ਅਹਿਮ ਅਤੇ ਆਖਰੀ ਮੌਕਾ ਪ੍ਰਦਾਨ ਕਰੇਗਾ। ਉਨ੍ਹਾਂ ਆਗਾਹ ਕੀਤਾ ਕਿ ਕਰ ਵਿਭਾਗ ਨੇ ਪਹਿਲਾਂ ਹੀ ਟੈਕਸ ਡਿਫਾਲਟਰਾਂ ਨਾਲ ਸਬੰਧਤ 8,000 ਜਾਇਦਾਦਾਂ ਦੀ ਪਛਾਣ ਕਰ ਲਈ ਏ , ਜੇਕਰ ਉਹ ਇਸ ਆਖਰੀ ਮੌਕੇ ਦਾ ਤੁਰੰਤ ਲਾਭ ਨਹੀਂ ਲੈਂਦੇ ਤਾਂ ਜਲਦੀ ਹੀ ਇਨ੍ਹਾਂ ਦੀ ਨਿਲਾਮੀ ਕੀਤੀ ਜਾਵੇਗੀ।

--------------------------------------------------------------------------------

ਮੌਸਮ ਵਿਭਾਗ ਵਲੋਂ ਪੰਜਾਬ 'ਚ ਓਰੇਂਜ ਅਲਰਟ ਜਾਰੀ ਕੀਤਾ ਹੋਇਆ ਏ । ਅੱਜ ਜਲੰਧਰ , ਹੁਸ਼ਿਆਰਪੁਰ ਫਰੀਦਕੋਟ ਅਤੇ

ਪਠਾਨਕੋਟ ਸਮੇਤ ਕਈ ਥਾਈਂ ਗਰਜ ਨਾਲ ਹਲਕੀ ਵਰਖਾ ਤੇ ਗੜੇ ਪਏ। ਗਰਜ ਨਾਲ ਮੀਂਹ ਅੱਜੇ ਵੀ ਜਾਰੀ ਏ ਜਦਕਿ ਸੂਬੇ ਭਰ ਵਿਚ ਬੱਦਲਵਾਈ ਬਣੀ ਹੋਈ ਏ।

--------------------------------------------------------------------

ਭਾਰਤੀ ਤੀਰਅੰਦਾਜ਼ ਸ਼ਿਆਮ ਸੁੰਦਰ ਸਵਾਮੀ ਨੇ ਬੈਂਕਾਕ ਵਿੱਚ ਵਿਸ਼ਵ ਤੀਰਅੰਦਾਜ਼ੀ ਪੈਰਾ ਸੀਰੀਜ਼ ਵਿੱਚ ਪੁਰਸ਼ਾਂ ਦੇ ਕੰਪਾਉਂਡ ਵਿਅਕਤੀਗਤ ਮੁਕਾਬਲੇ ਵਿੱਚ ਕਾਂਸੀ ਦਾ ਤਮਗਾ ਜਿੱਤਿਆ ਏ। ਸੁੰਦਰ ਸਵਾਮੀ ਨੇ ਭਾਰਤੀ ਤੀਰਅੰਦਾਜ਼ ਅਤੇ ਪੈਰਿਸ ਪੈਰਾਲੰਪਿਕਸ ਦੇ ਕਾਂਸੀ ਤਮਗਾ ਜੇਤੂ ਰਾਕੇਸ਼ ਕੁਮਾਰ ਨੂੰ ਟਾਈ-ਬ੍ਰੇਕ ਵਿੱਚ ਹਰਾਇਆ ਜਦੋਂ ਦੋਵੇਂ 143 ਅੰਕਾਂ 'ਤੇ ਬਰਾਬਰ ਸਨ। ਰਾਕੇਸ਼ ਕੁਮਾਰ ਕਾਂਸੀ ਤਮਗੇ ਦੇ ਮੈਚ ਵਿੱਚ ਸਵਾਮੀ ਤੋਂ ਹਾਰਨ ਤੋਂ ਬਾਅਦ ਚੌਥੇ ਸਥਾਨ 'ਤੇ ਰਹੇ। ਅੰਜੁਮ ਤੰਵਰ ਵੀ ਮਹਿਲਾ ਵਿਅਕਤੀਗਤ ਮੁਕਾਬਲੇ ਵਿੱਚ ਕਾਂਸੀ ਤਗਮੇ ਦੇ ਮੈਚ ਹਾਰਨ ਤੋਂ ਬਾਅਦ ਚੌਥੇ ਸਥਾਨ 'ਤੇ ਰਹੀ। ਬੈਂਕਾਕ ਵਿੱਚ ਇਸ ਮੁਕਾਬਲੇ ਤੋਂ ਪਹਿਲਾਂ, ਏਸ਼ੀਆ ਕੱਪ ਦਾ ਪਹਿਲਾ ਗੇੜ ਇਸੇ ਥਾਂ 'ਤੇ ਕੀਤਾ ਗਿਆ ਸੀ, ਜਿੱਥੇ ਭਾਰਤ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਸੋਨੇ ਅਤੇ ਚਾਰ ਚਾਂਦੀ ਸਮੇਤ 10 ਤਮਗੇ ਜਿੱਤੇ।

--------------------------------------------------------------------

- ਸਾਰੀਆਂ ਤੇਲ ਮਾਰਕੀਟਿੰਗ ਕੰਪਨੀਆਂ ਨੇ ਪੰਜਾਬ, ਚੰਡੀਗੜ੍ਹ ,ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਲੋਕਾਂ ਨੂੰ ਭਰੋਸਾ ਦਿਵਾਇਆ -ਪੈਟਰੋਲੀਅਮ ਉਤਪਾਦਾਂ ਅਤੇ LPG ਦੀ ਸਪਲਾਈ ਸਥਿਰ ਅਤੇ ਮੌਜੂਦਾ ਮੰਗ ਨੂੰ ਪੂਰਾ ਕਰਨ ਲਈ ਕਾਫ਼ੀ ਏ ।

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਕਿਹਾ ਵਿਸ਼ੇਸ਼ ਤੀਬਰ ਸੋਧ ਲਈ ਪੰਜਾਬ ਪੂਰੀ ਤਰ੍ਹਾਂ ਤਿਆਰ ।

- ਕੇਂਦਰ ਨੇ ਸਪੱਸ਼ਟ ਕੀਤਾ -ਪਟਿਆਲਾ ਸਮੇਤ ਪੰਜਾਬ ਵਿੱਚ ਇਸ ਵੇਲੇ ਪ੍ਰਮਾਣੂ ਊਰਜਾ ਪਲਾਂਟ ਸਥਾਪਤ ਕਰਨ ਦੀ ਕੋਈ ਤਜਵੀਜ਼ ਨਹੀਂ ।

- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਣਕ ਖ਼ਰੀਦ ਦੇ ਮੱਦੇਨਜ਼ਰ, ਪ੍ਰਬੰਧਾਂ ਦੀ ਸਮੀਖਿਆ ਕੀਤੀ-ਕਿਸਾਨਾਂ ਨੂੰ ਖ਼ਰੀਦ ਦੇ 24 ਘੰਟਿਆਂ ਅੰਦਰ ਅਦਾਇਗੀ ਪ੍ਰਾਪਤ ਹੋਣ ਦਾ ਭਰੋਸਾ ਦਿੱਤਾ ।

- ਮੌਸਮ ਵਿਭਾਗ ਵਲੋਂ ਪੰਜਾਬ 'ਚ ਜਾਰੀ ਓਰੇਂਜ ਅਲਰਟ ਦੇ ਚਲਦਿਆ ਜਲੰਧਰ ਸਮੇਤ ਕਈ ਥਾਈਂ ਗਰਜ ਨਾਲ ਹਲਕੀ ਵਰਖਾ ਤੇ ਗੜੇ ਪਏ ।

- ਭਾਰਤੀ ਤੀਰਅੰਦਾਜ਼ ਸ਼ਿਆਮ ਸੁੰਦਰ ਸਵਾਮੀ ਨੇ ਬੈਂਕਾਕ ਵਿਖੇ ਵਿਸ਼ਵ ਤੀਰਅੰਦਾਜ਼ੀ ਪੈਰਾ ਸੀਰੀਜ਼ ਵਿੱਚ  ਕਾਂਸੀ ਦਾ ਤਮਗਾ ਜਿੱਤਿਆ।

---------------------------------------------------------------------------

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7 ਵੱਜਕੇ  30  ਮਿੰਟ  'ਤੇ**

**ਨਮਸਕਾਰ  !**